ਆਸਾ ਮਹਲਾ ੫ ॥ ਏਕੁ ਸਿਮਰਿ ਮਨ ਮਾਹੀ ॥੧॥ ਰਹਾਉ ॥ ਨਾਮੁ ਧਿਆਵਹੁ ਰਿਦੈ ਬਸਾਵਹੁ ਤਿਸੁ ਬਿਨੁ ਕੋ ਨਾਹੀ ॥੧॥ ਪ੍ਰਭ ਸਰਨੀ ਆਈਐ ਸਰਬ ਫਲ ਪਾਈਐ ਸਗਲੇ ਦੁਖ ਜਾਹੀ ॥੨॥ ਜੀਅਨ ਕੋ ਦਾਤਾ ਪੁਰਖੁ ਬਿਧਾਤਾ ਨਾਨਕ ਘਟਿ ਘਟਿ ਆਹੀ ॥੩॥੮॥੧੪੮॥ {ਪੰਨਾ 407}

ਪਦਅਰਥ:- ਮਨ ਮਾਹੀ—ਮਨ ਮਾਹਿ, ਮਨ ਵਿਚ।1। ਰਹਾਉ।

ਰਿਦੈ—ਹਿਰਦੇ ਵਿਚ। ਕੋ—ਕੋਈ (ਹੋਰ)।1।

ਆਈਐ—ਆਉਣਾ ਚਾਹੀਦਾ ਹੈ। ਸਗਲੇ—ਸਾਰੇ। ਜਾਹੀ—ਜਾਹਿ, ਦੂਰ ਹੋ ਜਾਂਦੇ ਹਨ।2।

ਕੋ—ਦਾ। ਬਿਧਾਤਾ—ਸਿਰਜਨਹਾਰ। ਘਟਿ ਘਟਿ—ਹਰੇਕ ਘਟ ਵਿਚ। ਆਹੀ—ਹੈ।3।

ਅਰਥ:- (ਹੇ ਭਾਈ! ਆਪਣੇ) ਮਨ ਵਿਚ ਇਕ ਪਰਮਾਤਮਾ ਨੂੰ ਸਿਮਰਦਾ ਰਹੁ।1। ਰਹਾਉ।

(ਹੇ ਭਾਈ!) ਪਰਮਾਤਮਾ ਦਾ ਨਾਮ ਸਿਮਰਿਆ ਕਰੋ, ਹਰਿ-ਨਾਮ ਆਪਣੇ ਹਿਰਦੇ ਵਿਚ ਵਸਾਈ ਰੱਖੋ। ਪਰਮਾਤਮਾ ਤੋਂ ਬਿਨਾ ਹੋਰ ਕੋਈ (ਸਹਾਈ) ਨਹੀਂ ਹੈ।1।

(ਹੇ ਭਾਈ!) ਆਓ ਪਰਮਾਤਮਾ ਦੀ ਸਰਨ ਪਏ ਰਹੀਏ (ਤੇ ਪਰਮਾਤਮਾ ਪਾਸੋਂ) ਸਾਰੇ ਫਲ ਹਾਸਲ ਕਰੀਏ। (ਪਰਮਾਤਮਾ ਦੀ ਸਰਨ ਪਿਆਂ) ਸਾਰੇ ਦੁੱਖ ਦੂਰ ਹੋ ਜਾਂਦੇ ਹਨ।2।

ਹੇ ਨਾਨਕ! (ਆਖ—) ਸਿਰਜਨਹਾਰ ਅਕਾਲ ਪੁਰਖ ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ, ਉਹ ਹਰੇਕ ਸਰੀਰ ਵਿਚ ਮੌਜੂਦ ਹੈ।3।8। 148।